**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨੁਰਾਗ ਗੁਪਤਾ, (79867-99578)
ਪੁੱਤਰ ਸ਼੍ਰੀ ਪ੍ਰੇਮ ਸਾਗਰ,
ਛਾਹੜੀਆਂ ( Chharrian) ਮੁਹੱਲਾ,
ਰਾਜਾ ਰਾਮ ਗਲੀ ਸਿਟੀ, ਸੁਨਾਮ,
ਜ਼ਿਲ੍ਹਾ ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ:2648 / 2019**

**ਹਾਜ਼ਰ:-**

1) ਸ਼੍ਰੀ ਅਨੁਰਾਗ ਗੁਪਤਾ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ (96463-32100)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਦਫ਼ਤਰ ਮੁੱਖ ਮੰਤਰੀ, ਪੰਜਾਬ ਵਲੋਂ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਭੇਜੇ ਗਏ ਪੱਤਰ ਨੰ:4/30/2017/ਜੀ.ਏ.1/ਈ2838/1, ਮਿਤੀ 06-02-2019 ਨਾਲ ਸਬੰਧਤ 09 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪ੍ਰੀਤ ਸਿੰਘ, ਕਲਰਕ ਨੇ ਪੱਤਰ ਨੰ:493/ ਆਰ.ਟੀ.ਆਈ., ਮਿਤੀ 12-04-2019 ਜੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਨੂੰ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਹੈ। ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਪੇਸ਼ੀ ਤੇ ਹਾਜ਼ਰੀ ਯਕੀਨੀ ਬਨਾਉਣ ਦੀ ਹਦਾਇਤ ਵੀ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 18 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡੀ.ਈ.ਜੀ.ਸੀ. (ਕਲਾਮ),
ਸੇਵਾ ਕੇਂਦਰ, ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 2657/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕਮਲ ਕੁਮਾਰ, ਕਲਰਕ (98888-16722)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 06-05-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਧਾਰਮਿਕ ਮੇਲਿਆਂ ਦੀ ਮੰਨਜ਼ੂਰੀ ਸਬੰਧੀ ਫੀਸ ਵਸੂਲ ਕਰਨ ਨਾਲ ਸਬੰਧਤ ਨੋਟੀਫਿਕੇਸ਼ਨ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਡੀ.ਈ.ਜੀ.ਸੀ. (ਕਲਾਮ), ਸੇਵਾ ਕੇਂਦਰ, ਨਵਾਂ ਸ਼ਹਿਰ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਆਪਣੇ ਪੱਤਰ ਨੰ:38/ਆਰ.ਟੀ.ਆਈ.ਸੈੱਲ, ਮਿਤੀ 13-05-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ, ਦਫਤਰ ਡੀ.ਈ.ਜੀ.ਸੀ. (ਕਲਾਮ), ਸੇਵਾ ਕੇਂਦਰ, ਨਵਾਂ ਸ਼ਹਿਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲ ਕੁਮਾਰ, ਕਲਰਕ, ਨੇ ਪੱਤਰ ਨੰ:ਡੀ.ਈ.ਜੀ.ਸੀ/06-07, ਮਿਤੀ 14-05-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਦਫ਼ਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਗਿਆ ਹੈ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ, ਅਪੀਲਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ ਰਾਹੀਂ ਮੰਗੀ ਗਈ ਸੂਚਨਾ ਦੇ ਬਿਲਕੁੱਲ ਵੀ ਅਨੁਕੂਲ ਨਹੀਂ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਸਹੀ ਸੂਚਨਾ ਅਪੀਲਕਰਤਾ

ਪਰਤੋ ਜੀ-----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2657/2019

ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ਼ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ** 11-10-2019 **ਨੂੰ ਸਵੇਰੇ** 11:30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 18 ਸਤੰਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਨਵਾਂ ਸ਼ਹਿਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਨਵਾਂਸ਼ਹਿਰ। --------ਉੱਤਰਦਾਤਾ

**ਅਪੀਲ ਕੇਸ ਨੰ: 2659/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਮਨਪ੍ਰੀਤ ਸਿੰਘ, ਆਫਿਸ ਕਾਨੂੰਗੋ (80549-46265)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-03-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਨਵਾਂਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿਡ ਭਾਰਟਾਂ ਕਲਾਂ ਦੇ ਅਵਧੂਤ ਮੰਡਲ ਆਸ਼ਰਮ ਦੀ ਅਲਾਟਮੈਂਟ ਰੱਦ ਕਰਨ ਸਬੰਧੀ ਜ਼ਾਰੀ ਕੀਤੇ ਗਏ ਹੁਕਮ ਮਿਤੀ 1-12-1978 ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਉਪ ਮੰਡਲ ਮੈਜਿਸਟਰੇਟ, ਨਵਾਂਸ਼ਹਿਰ ਵਲੋਂ ਆਪਣੇ ਪੱਤਰ ਨੰ:1039/ਏ.ਐਸ.ਬੀ.ਏ., ਮਿਤੀ 14-03-2019 ਰਾਹੀਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਲੋਕ ਸੂਚਨਾ ਅਧਿਕਾਰੀ, ਦਫਤਰ ਤਹਿਸੀਲਦਾਰ, ਨਵਾਂ ਸ਼ਹਿਰ ਨੂੰ ਤਬਦੀਲ ਕਰ ਦਿੱਤੀ ਗਈ ਸੀ।ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਮਨਪ੍ਰੀਤ ਸਿੰਘ, ਆਫਿਸ ਕਾਨੂੰਗੋ ਨੇ ਪੱਤਰ ਨੰ: 213/ਸੇਲਜ, ਮਿਤੀ 09-09-2019 ਪੇਸ਼ ਕਰਦੇ ਹੋਏ ਦਸਿਆ ਹੈ ਕਿ ਉਨ੍ਹਾਂ ਵਲੋਂ ਆਪਣੇ ਪੱਤਰ ਨੰ: 212/ਸੇਲਜ, ਮਿਤੀ 06-09-2019 ਰਾਹੀਂ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਸਪਸ਼ਟ ਨਹੀਂ ਹੈ। ਇਸ ਲਈ ਸ਼੍ਰੀ ਵਨੀਤ ਕੁਮਾਰ, ਉਪ ਮੰਡਲ ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ, ਨਵਾਂਸ਼ਹਿਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਇਸ ਸਬੰਧੀ ਵਿਸਥਾਰ -ਪੂਰਬਕ ਸਪਸ਼ਟ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ**, 18 **ਸਤੰਬਰ**, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਰਬਜੀਤ ਸਿੰਘ, (70092-49820)
ਮਕਾਨ ਨੰ:292 ਨਗਰ ਸੁਧਾਰ, ਟਰੱਸਟ ਕਲੋਨੀ,
ਸਕੀਮ ਨੰ:5, ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ, ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ ਗੁਰਦਾਸਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:2661/2019**

**ਹਾਜ਼ਰ:-**

1) ਸ਼੍ਰੀ ਸਰਬਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੂਟਾ ਰਾਮ, ਪ੍ਰਿੰਸੀਪਲ (89683-89784) ਅਤੇ ਸ਼੍ਰੀ ਰਾਜੇਸ਼ ਕੁਮਾਰ, ਜੂਨੀਅਰ ਸਹਾਇਕ

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-03-2018, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਕਾਰੀ ਕਾਲਿਜ, ਗੁਰਦਾਸਪੁਰ ਦੇ ਅਮਲੇ ਨਾਲ ਸਬੰਧਤ ਰਿਕਾਰਡ ਬਾਰੇ 10 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-09-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਰਾਮ, ਪ੍ਰਿੰਸੀਪਲ, ਨੇ ਆਪਣਾ ਪੱਖ ਪੇਸ਼ ਕਰਨ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 24-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 18 ਸਤੰਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਰਬਜੀਤ ਸਿੰਘ, (70092-49820)
ਮਕਾਨ ਨੰ:292 ਨਗਰ ਸੁਧਾਰ, ਟਰੱਸਟ ਕਲੋਨੀ,
ਸਕੀਮ ਨੰ:5, ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ, ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ ਗੁਰਦਾਸਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:2662/2019**

**ਹਾਜ਼ਰ:-**

1) ਸ਼੍ਰੀ ਸਰਬਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੂਟਾ ਰਾਮ, ਪ੍ਰਿੰਸੀਪਲ (89683-89784) ਅਤੇ ਸ਼੍ਰੀ ਰਾਜੇਸ਼ ਕੁਮਾਰ, ਜੂਨੀਅਰ ਸਹਾਇਕ

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-03-2018, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਕਾਰੀ ਕਾਲਿਜ, ਗੁਰਦਾਸਪੁਰ ਦੇ ਬਜਟ ਐਸਟੀਮੇਟਸ ਅਤੇ ਅਮਲੇ ਨਾਲ ਸਬੰਧਤ ਰਿਕਾਰਡ ਬਾਰੇ 09 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਰਾਮ, ਪ੍ਰਿੰਸੀਪਲ, ਨੇ ਆਪਣਾ ਪੱਖ ਪੇਸ਼ ਕਰਨ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 24-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 18 ਸਤੰਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਰਬਜੀਤ ਸਿੰਘ, (70092-49820)
ਮਕਾਨ ਨੰ:292 ਨਗਰ ਸੁਧਾਰ, ਟਰੱਸਟ ਕਲੋਨੀ,
ਸਕੀਮ ਨੰ:5, ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ, ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ ਗੁਰਦਾਸਪੁਰ। -------ਉੱਤਰਦਾਤਾ

**ਅਪੀਲ ਕੇਸ ਨੰ:2663/2019**

**ਹਾਜ਼ਰ:-**

1) ਸ਼੍ਰੀ ਸਰਬਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬੂਟਾ ਰਾਮ, ਪ੍ਰਿੰਸੀਪਲ (89683-89784) ਅਤੇ ਸ਼੍ਰੀ ਰਾਜੇਸ਼ ਕੁਮਾਰ, ਜੂਨੀਅਰ ਸਹਾਇਕ

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-03-2019, ਲੋਕ ਸੂਚਨਾ ਅਧਿਕਾਰੀ ਦਫਤਰ ਦਫਤਰ ਪ੍ਰਿੰਸੀਪਲ ਸਰਕਾਰੀ ਕਾਲਿਜ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸਰਕਾਰੀ ਕਾਲਿਜ, ਗੁਰਦਾਸਪੁਰ ਦੇ ਅਮਲੇ ਨਾਲ ਸਬੰਧਤ ਰਿਕਾਰਡ ਬਾਰੇ 11 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-04-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-07-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਰਾਮ, ਪ੍ਰਿੰਸੀਪਲ, ਨੇ ਆਪਣਾ ਪੱਖ ਪੇਸ਼ ਕਰਨ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ। ਉੱਤਰਦਾਤਾ ਦੀ ਬੇਨਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 24-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਮੇਲ ਸਿੰਘ, (85284-30050)
ਪੁੱਤਰ ਸ਼੍ਰੀ ਚੰਨਣ ਸਿੰਘ,
ਪਿੰਡ ਤੇ ਡਾਕਖਾਨਾ ਧਬਲਾਨ,
ਤਹਿਸੀਲ ਤੇ ਜਿਲਾ ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ: 2097/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਗਿਆਨ ਚੰਦ (79732-20027)।
2) ਉੱਤਰਦਾਤਾ ਵੱਲੋਂ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ (97812-00341)।

**ਹਕਮ:**

ਪਿਛਲੀ ਪੇਸ਼ੀ ਮਿਤੀ 26-08-2019 ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਗਿਆਨ ਚੰਦ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਪੇਸ਼ੀ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ, ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ..ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ(ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਬੂਟਾ ਸਿੰਘ, ਪੰਚਾਇਤ ਸਕੱਤਰ ਨੇ ਦਸਿਆ ਕਿ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਬਾਰੇ ਪੜਤਾਲ ਉਪ ਮੰਡਲ ਮੈਜਿਸਟਰੇਟ, ਰਾਜਪੁਰਾ ਕੋਲ ਚਲ ਰਹੀ ਹੈ ਜਿਸ ਕਰਕੇ ਸਬੰਧਤ ਰਿਕਾਰਡ ਉਨ੍ਹਾਂ ਦੇ ਦਫਤਰ ਨੂੰ ਭੇਜਿਆ ਹੋਇਆ ਹੈ। ਇਸ ਲਈ ਹਾਜਰ ਉਤਰਦਾਤਾ ਨੇ ਕਿਹਾ ਕਿ ਪੜਤਾਲ ਮੁਕੰਮਲ ਹੋਣ ਤੇ ਅਪੀਲਕਰਤਾ ਨੂੰ ਮੰਗੀ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਉਸ ਵਲੋਂ ਇਹ ਵੀ ਦਸਿਆ ਗਿਆ ਕਿ ਉਸ ਵਲੋਂ ਇਸ ਬਾਰੇ ਅਪੀਲਕਰਤਾ ਨਾਲ ਵੀ ਸੰਪਰਕ ਕੀਤਾ ਗਿਆ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 18 ਸਤੰਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭੁਪਿੰਦਰ ਕੁਮਾਰ,
ਪੁੱਤਰ ਸ਼੍ਰੀ ਜਗਦੀਸ਼ ਰਾਏ ਸਿੰਗਲਾ,
ਪੱਤੀ ਰੰਧਾਵਾ, ਲੌਂਗੋਵਾਲ, ਜ਼ਿਲ੍ਹਾ ਸੰਗਰੂਰ-148106. --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਲੌਂਗੋਵਾਲ,
ਜ਼ਿਲ੍ਹਾ ਸੰਗਰੂਰ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 544/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਦੇਵ ਸਿੰਘ, ਕਲਰਕ (96460-07215)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 08-05-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਲੌਂਗੋਵਾਲ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 01-04-2018 ਤੋਂ 31-03-2019 ਤੱਕ ਨਗਰ ਕੌਂਸਿਲ, ਲੌਂਗੋਵਾਲ ਦੀ ਸਫਾਈ ਅਤੇ ਅਵਾਰਾ ਪਸ਼ੂਆਂ ਦੀ ਸੰਭਾਲ ਤੇ ਕੀਤੇ ਗਏ ਖਰਚੇ ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 14-06-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 02-08-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 28-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 28-08-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਦੇਵ ਸਿੰਘ, ਕਲਰਕ ਨੇ ਕਿਹਾ ਸੀ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਸ਼ਿਕਾਇਤਕਰਤਾ ਨੂੰ ਰਜਿਸਟਰਡ ਰਾਹੀਂ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:1355, ਮਿਤੀ 21-08-2019 ਰਾਹੀਂ ਕਮਿਸ਼ਨ ਨੂੰ ਵੀ ਵਿਸਥਾਰ-ਪੂਰਵਕ ਸੂਚਨਾ ਭੇਜੀ ਹੋਈ ਸੀ।ਸ਼ਿਕਾਇਤਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲ ਹਾਜਰ ਸ਼੍ਰੀ ਸੁਖਦੇਵ ਸਿੰਘ, ਕਲਰਕ ਨੇ ਕਿਹਾ ਕਿ ਸ਼ਕਾਇਤ ਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਵਲੋਂ ਉਸਨੂੰ ਭੇਜੀ ਗਈ ਸੂਚਨਾ ਵਿਚ ਪਾਈ ਗਈ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਨਾ ਨਹੀਂ ਕੀਤਾ ਗਿਆ । ਇਸ ਲਈ ਹਾਜਰ ਉਤਰਦਾਤਾ ਵਲੋਂ ਕੇਸ ਦਾਖਲ ਦਫਤਰ ਕਰਨ ਬੇਨਤੀ ਕੀਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਲਾਗਾਤਾਰ ਦੋ ਪੇਸ਼ੀਆਂ ਤੇ ਹਾਜਰ ਨਹੀ ਹੋਇਆ ਅਤੇ ਨਾਂ ਹੀ ਉਸ ਵਲੋਂ ਹਾਜ਼ਰ ਨਾ ਹੋਣ ਬਾਰੇ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਇਹ ਜ਼ਾਹਰ ਹੁੰਦਾ ਹੈ ਕਿ ਸ਼ਿਕਾਇਤਕਰਤਾ ਉਸਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਨਹੀਂ ਕਰਨਾ ਚਾਹੁੰਦਾ । ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ**, 18 **ਸਤੰਬਰ**, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕ੍ਰਿਸ਼ਨ ਲਾਲ, (83607-93940)
ਪੁੱਤਰ ਸ਼੍ਰੀ ਸੰਤ ਰਾਮ,
ਪਿੰਡ ਤੇ ਡਾਕਖਾਨਾ ਭੁੱਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪੰਚਾਇਤ ਸਕੱਤਰ,
ਗਰਾਮ ਪੰਚਾਇਤ ਭੁੱਨਰਹੇੜੀ,
ਤਹਿਸੀਲ ਤੇ ਜ਼ਿਲ੍ਹਾ, ਪਟਿਆਲਾ। --------ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ: 524/2019</u>**

**ਹਾਜ਼ਰ:-**

1) ਸ਼੍ਰੀ ਕ੍ਰਿਸ਼ਨ ਲਾਲ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 27-08-2019 ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅਜੇ ਤੱਕ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਹੀ ਮੁਹੱਈਆ ਕਰਵਾਈ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਭੁੱਨਰਹੇੜੀ, ਜ਼ਿਲ੍ਹਾ ਪਟਿਆਲਾ, ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜ ਕੇ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ **<u>ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ</u>** ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਆਪਣਾ ਜਵਾਬ ਵੀ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **<u>ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਸਤੰਬਰ, 2019.**

**ਕਾਪੀ:-**

ਸ਼੍ਰੀ ਸੁਖਵਿੰਦਰ ਸਿੰਘ ਟਿਵਾਣਾ,
ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਭੁੱਨਰਹੇੜੀ, ਤਹਿਸੀਲ ਤੇ ਜ਼ਿਲ੍ਹਾ ਪਟਿਆਲਾ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਸਿੰਘ, (93562-62225)
ਸਾਬਕਾ ਸਰਪੰਚ, ਸਾਲੋਵਾਲ,
ਤਹਿਸੀਲ ਤੇ ਜ਼ਿਲ੍ਹਾ, ਪਠਾਨਕੋਟ। --------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਘਰੋਟਾ,
ਜ਼ਿਲ੍ਹਾ ਪਠਾਨਕੋਟ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 531/2019**

**ਹਾਜ਼ਰ:-**

1) ਸ੍ਰਿਕਾਇਤਕਰਤਾ ਵੱਲੋਂ ਕੋਈ ਨਹੀਂ।।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 27-08-2019 ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਸ੍ਰਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ੍ਰਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪਿਛਲੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਸ੍ਰਿਕਾਇਤਕਰਤਾ ਨੂੰ ਆਪਣਾ ਪੇਸ਼ ਕਰਨ ਦਾ ਮੌਕਾ ਦਿੱਤਾ ਗਿਆ ਸੀ। ਇਸ ਲਈ ਇਹ ਕੇਸ ਅਗਲੀ ਸੁਣਵਾਈ ਲਈ ਮਿਤੀ 18-09-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਮੁੜ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਸ੍ਰਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ੍ਰਿਕਾਇਤਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਸ੍ਰਿਕਾਇਤਕਰਤਾ ਨੂੰ ਵੀ ਆਪਣਾ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 10-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 18 ਸਤੰਬਰ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ,
ਵਾਰਡ ਨੰ:18, ਗਲੀ ਨੰ:2,
ਕਰਤਾਰ ਨਗਰ, ਅਮਲੋਹ ਰੋਡ, ਖੰਨਾ-141401. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਅਰਬਨ ਸਥਾਨਕ ਸਰਕਾਰ, ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ:2228 /2019**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੀਵ ਕੁਮਾਰ, ਐਮ.ਈ. (97815-92097) ਅਤੇ ਸ਼੍ਰੀ ਸੰਦੀਪ ਸਿੰਘ, ਜੂਨੀਅਰ ਇੰਜੀਨੀਅਰ (75081-00568)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 03-09-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ । ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਵਾਉਣ, ਉੱਤਰਦਾਤਾ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੰਦੀਪ ਸਿੰਘ, ਜੂਨੀਅਰ ਇੰਜੀਨੀਅਰ ਨੇ ਕਿਹਾ ਸੀ ਕਿ ਉਨ੍ਹਾਂ ਵੱਲੋਂ ਮਿਤੀ 17-03-2018 ਨੂੰ ਅਪੀਲਕਰਤਾ ਨੂੰ ਪਹਿਲਾਂ ਹੀ ਜਵਾਬ ਭੇਜਿਆ ਜਾ ਚੁੱਕਾ ਹੈ।ਹਾਜ਼ਰ ਉੱਤਰਦਾਤਾ ਦਾ ਜਵਾਬ ਸਹੀ ਨਹੀਂ ਸੀ ਕਿਉਂਕਿ ਅਪੀਲਕਰਤਾ ਵੱਲੋਂ ਮਿਤੀ 25-03-2019 ਨੂੰ ਆਰ.ਟੀ.ਆਈ. ਅਰਜ਼ੀ ਪੇਸ਼ ਕੀਤੀ ਗਈ ਸੀ ਅਤੇ ਇਸ ਦਾ ਜਵਾਬ ਮਿਤੀ 25-03-2019 ਤੋਂ ਪਹਿਲਾਂ ਕਿਵੇਂ ਦਿੱਤਾ ਜਾ ਸਕਦਾ ਸੀ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮਿਤੀ 25-03-2019 ਦੇ ਪ੍ਰਾਪਤ ਹੋਣ ਤੋਂ ਬਾਅਦ ਕੀਤੀ ਗਈ ਕਾਰਵਾਈ ਬਾਰੇ ਮਿਤੀ-ਵਾਰ, ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਹਾਜ਼ਰ ਸ਼੍ਰੀ ਰਾਜੀਵ ਕੁਮਾਰ, ਐਮ.ਈ. ਵਲੋਂ ਜਵਾਬ ਪੇਸ਼ ਕੀਤਾ ਗਿਆ, ਉਸ ਤੋਂ ਅਪੀਲਕਰਤਾ ਸੰਤਸ਼ਟ ਨਹੀ ਸੀ। ਕੁਝ ਵਿਚਾਰ ਵਟਾਂਦਰੇ ਉਪਰੰਤ ਅਪੀਲਕਰਤਾ ਨੇ ਉਤਰਦਾਤਾ ਦੇ ਦਫਤਰ ਜਾ ਕੇ ਰਿਕਾਰਡ ਦੀ ਇੰਸੁਪੈਕਸ਼ਨ ਕਰਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਦਿੱਤੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵਲੋਂ ਉਨ੍ਹਾਂ ਦੇ ਦਫਤਰ ਹਾਜ਼ਰ ਹੋਣ ਤੇ ਆਰ.ਟੀ.ਐਕਟ, 2005 ਤਹਿਤ ਬਣਦੀ ਸੂਚਨਾ ਉਸਨੂੰ ਮਹੱਈਆ ਕਰਵਾ ਦਿੱਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 18 ਸਤੰਬਰ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਬਲਾਚੋਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੋਰ।
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 1857/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ, ਅਪੀਲਕਰਤਾ ।
2) ਉੱਤਰਦਾਤਾ (ਂ ਲੋਕ ਸੂਚਨਾ ਅਧਿਕਾਰੀ) ਵਲੋਂ ਸ੍ਰੀ ਕਮਲਜੀਤ ਸਿੰਘ, ਕਲਰਕ (97808- 20099) ਅਤੇ ਪਹਿਲੀ ਪਹਿਲੀ ਅਪੀਲੀ ਅਥਾਰਟੀ ਵਲੋਂ ਸ੍ਰੀ ਵਿਕਾਸ ਰਾਣਾ, ਕਲਰਕ, (76588-77111) ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-01-2019, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਬਲਾਚੋਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 24-07-2018 ਰਾਹੀਂ ਦਿੱਤੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ ਮਿਤੀ 03-09-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ, ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 03-09-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੁਣਵਾਈ ਦਾ ਮੌਕਾ ਦੇਣ ਲਈ ਬੇਨਤੀ ਕੀਤੀ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕਮਲਜੀਤ ਸਿੰਘ ਕਲਰਕ ਨੇ ਪੱਤਰ ਨੰ:69/ਆਰ.ਟੀ.ਆਈ., ਮਿਤੀ 18-05-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਸਨ।ਹਾਜ਼ਰ ਉੱਤਰਦਾਤਾ ਵੱਲੋਂ ਉਸ ਪੱਤਰ ਨਾਲ ਪੇਸ਼ ਕੀਤੇ ਗਏ ਪੱਤਰਾਂ ਨੂੰ ਵਾਚਣ ਤੇ ਇਹ ਪਾਇਆ ਗਿਆ ਸੀ ਕਿ ਇਹ ਸਾਰੇ ਪੱਤਰ ਸਾਲ 2018 ਨਾਲ ਸਬੰਧਤ ਸਨ ਜਦੋਂ ਕਿ ਅਪੀਲਕਰਤਾ ਵੱਲੋਂ ਆਰ.ਟੀ.ਆਈ. ਅਰਜ਼ੀ, ਮਿਤੀ 31-01-2019 ਨੂੰ ਦਾਇਰ ਕੀਤੀ ਗਈ ਸੀ। ਇਸ ਕਰਕੇ ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰਾਂ ਦਾ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ, ਮਿਤੀ 31-01-2019 ਨਾਲ ਕੋਈ ਸਬੰਧ ਨਹੀਂ ਸੀ। ਹਾਜ਼ਰ ਉੱਤਰਦਾਤਾ ਇਸ ਸਬੰਧੀ ਸਥਿਤੀ ਸਪੱਸ਼ਟ ਨਹੀਂ ਕਰ ਸਕਿਆ ਸੀ। ਅਪੀਲਕਰਤਾ ਵੱਲੋਂ ਮਿਤੀ 31-01-2019 ਨੂੰ ਦਾਇਰ ਕੀਤੀ ਗਈ ਆਰ.ਟੀ.ਆਈ. ਅਰਜ਼ੀ ਸਬੰਧੀ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਨਾ ਕਰਵਾਉਣਾ ਦਫਤਰ ਤਹਿਸੀਲਦਾਰ, ਬਲਾਚੋਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੌਰ ਦਾ ਗੈਰ-ਜ਼ਿੰਮੇਵਾਰਾਨਾ ਵਤੀਰਾ ਦਰਸਾਉਂਦਾ ਸੀ, ਜਿਸ ਕਾਰਨ ਅਪੀਲਕਰਤਾ ਨੂੰ ਆਰਥਿਕ ਤੇ ਮਾਨਸਿਕ ਪ੍ਰੇਸ਼ਾਨੀ ਦਾ

ਪਰਤੋ ਜੀ-----ਚਲਦਾ ਪੰਨਾ /2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 1857/2019

ਸਾਹਮਣਾ ਕਰਨਾ ਪਿਆ । ਇਸ ਲਈ ਉੱਤਰਦਾਤਾ, ਸ਼੍ਰੀ ਚੇਤਨ ਬੰਗੜ, ਤਹਿਸੀਲਦਾਰ, ਬਲਾਚੌਰ ਅਤੇ ਸ਼੍ਰੀ ਜ਼ਸਬੀਰ ਸਿੰਘ, ਉਪ ਮੰਡਲ ਮੈਜਿਸਟਰੇਟ, ਬਲਾਚੌਰ, ਹਰੇਕ, ਨੂੰ ਹਦਾਇਤ ਕੀਤੀ ਗਈ ਸੀ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 5000-5000/-ਰੁਪਏ (ਕੁੱਲ ਦਸ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ_ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਫੰਡ ਵਿੱਚੋਂ ਅਦਾਇਗੀ ਕਰਕੇ ਅਦਾਇਗੀ ਸਬੰਧੀ ਰਸੀਦ/ਬੈਂਕ ਡਰਾਫਟ ਦੀ ਕਾਪੀ ਪੇਸ਼ ਦੀ ਅਗਲੀ ਮਿਤੀ ਤੇ ਕਮਿਸ਼ਨ ਨੂੰ ਪੇਸ਼ ਕੀਤੀ ਜਾਵੇ। ਇਸ ਤੋਂ ਇਲਾਵਾ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਵੀ ਵਿਸਥਾਰ-ਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਸਮੇਂ ਦੋਨੋਂ ਧਿਰਾਂ ਨੂੰ ਸੁਣਿਆ ਗਿਆ । ਉੱਤਰਦਾਤਾ (ਂ ਲੋਕ ਸੂਚਨਾ ਅਧਿਕਾਰੀ) ਵਲੋਂ ਹਾਜ਼ਰ ਸ਼੍ਰੀ ਕਮਲਜੀਤ ਸਿੰਘ, ਕਲਰਕ ਨੇ ਸ੍ਰੀ ਚੇਤਨ ਬੰਗੜ, ਤਹਿਸੀਲਦਾਰ ਬਲਾਚੌਰ ਦੀ ਤਰਫੋਂ ਰੁ: 5000/- ਦਾ ਡਿਮਾਂਡ ਡਰਾਫਟ ਮਿਤੀ 17-09-2019 ਅਤੇ ਪਹਿਲੀ ਅਪੀਲੀ ਅਥਾਰਟੀ ਵਲੋਂ ਹਾਜ਼ਰ ਸ੍ਰੀ ਵਿਕਾਸ ਰਾਣਾ, ਕਲਰਕ ਨੇ ਸ੍ਰੀ ਜਸਬੀਰ ਸਿੰਘ, ਉਪ ਮੰਡਲ ਮੈਜਿਸਟਰੇਟ ਬਲਾਚੌਰ ਦੀ ਤਰਫੋਂ ਰੁ: 5000/- ਦਾ ਡਿਮਾਂਡ ਡਰਾਫਟ ਮਿਤੀ 17-09-2019 ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤਾ ਗਿਆ ਅਤੇ ਇਕ ਕਾਪੀ ਕਮਿਸ਼ਨ ਨੂੰ ਪੇਸ਼ ਕੀਤੀ ਗਈ ਜੋ ਕਿ ਮਿਸਲ ਤੇ ਰੱਖ ਲਈ ਗਈ ਹੈ। ਅਪੀਲਕਰਤਾ ਵਲੋਂ ਬੈਂਕ ਡਰਾਫਟ ਪ੍ਰਾਪਤ ਕਰਦੇ ਹੋਏ ਮੰਨਿਆ ਕਿ ਉਸਨੂੰ ਸੂਚਨਾ ਅਤੇ ਮੁਆਵਜ਼ੇ ਦੀ ਰਕਮ ਮਿਲ ਗਈ ਹੈ ਜਿਸਤੋਂ ਉਹ ਸੰਤੁਸ਼ਟ ਹੈ। ਇਸ ਲਈ ਉਸ ਵਲੋਂ ਕੇਸ ਬੰਦ ਕਰਨ ਦੀ ਸਹਿਮਤੀ ਪ੍ਰਗਟਾਈ ਗਈ।

4. ਉਤਰਦਾਤਾ ਵਲੋਂ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਅਤੇ ਮੁਆਵਜੇ ਦੀ ਰਕਮ ਰੁ: 10,000/- (ਕੇਵਲ ਦੱਸ ਹਜ਼ਾਰ ਰੁਪਏ ) ਦੀ ਅਦਾਇਗੀ ਕੀਤੀ ਜਾ ਚੁੱਕੀ ਹੈ ਜਿਸ ਤੇ ਅਪੀਲਕਰਤਾ ਵਲੋਂ ਸੰਤੁਸ਼ਟੀ ਜ਼ਾਹਿਰ ਕੀਤੀ ਗਈ ਹੈ। ਇਸ ਕਰਕੇ ਇਸ ਕੇਸ ਵਿਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਨਹੀ ਅਪੀਲਕਰਤਾ ਵਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫਤਰ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 18 ਸਤੰਬਰ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:12/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਜੀ.ਐਸ.ਕਾਹਲੋਂ, ਐਡਵੋਕੇਟ । (97795-08115)
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਕੁਲਵੰਤ ਸਿੰਘ, ਕਲਰਕ (75048-00006) ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ।

**ਹਕਮ:**

ਪਿਛਲੀ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵੰਤ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੇ ਪੱਤਰ ਨੰ:1009/ਆਰ.ਆਰ.ਏ., ਮਿਤੀ 02-09-2019 ਪੇਸ਼ ਕਰਦੇ ਹੋਏ ਕਿਹਾ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਤਬਦੀਲ ਕਰ ਦਿੱਤੀ ਗਈ ਸੀ ਪਰੰਤੂ ਇਸ ਬਾਰੇ ਅਪੀਲਕਰਤਾ ਨੂੰ ਕੋਈ ਸੂਚਨਾ ਨਹੀਂ ਭੇਜੀ ਗਈ ਸੀ।ਹਾਜ਼ਰ ਉੱਤਰਦਾਤ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋਂ ਅਪੀਲਕਰਤਾ ਨੂੰ ਕੋਈ ਸੂਚਨਾ ਨਹੀਂ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਅਰਜ਼ੀ, ਮਿਤੀ 12-09-2017 ਦੇ ਪ੍ਰਾਪਤ ਹੋਣ ਦੀ ਮਿਤੀ ਅੰਤ ਤੱਕ ਕੀਤੀ ਗਈ ਕਾਰਵਾਈ ਸਬੰਧੀ ਵਿਸਥਾਰ-ਪੂਰਵਕ ਜਵਾਬ, ਸਮੇਤ ਸਟੇਟਸ ਰਿਪੋਰਟ, ਕਵਰਿੰਗ ਪੱਤਰ ਲਗਾ ਕੇ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਜਵਾਬ ਦੇਣ ਬਾਰੇ ਹਾਜ਼ਰ ਉੱਤਰਦਾਤਾ, ਸ਼੍ਰੀਮਤੀ ਪਰਮਜੀਤ ਕੌਰ, ਰੀਡਰ, ਨੂੰ ਸਮਝਾ ਦਿੱਤਾ ਗਿਆ ਸੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸਨੂੰ ਅੱਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵੰਤ ਸਿੰਘ, ਕਲਰਕ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੇ ਕਿਹਾ ਕਿ ਇਸ ਮਾਮਲੇ ਵਿਚ ਦਫਤਰ ਉਪ ਮੰਡਲ ਮੈਜਿਸਟਰੇਟ, ਲੁਧਿਆਣਾ (ਪੂਰਬੀ ) ਵਲੋਂ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾਣੀ ਹੈ ਪਰੰਤੂ ਦਫਤਰ ਉਪ ਮੰਡਲ ਮੈਜਿਸਟਰੇਟ, ਲੁਧਿਆਣਾ (ਪੂਰਬੀ ) ਵਲੋਂ ਅੱਜ ਕੋਈ ਵੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**12/2019

ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਕੋਈ ਸੂਚਨਾ ਭੇਜੀ ਗਈ ਹੈ, ਜਿਸਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਲਈ ਉਪ ਮੰਡਲ ਮੈਜਿਸਟਰੇਟ, ਲੁਧਿਆਣਾ (ਪੂਰਬੀ ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਵਾਉਣ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਆਪਣਾ ਵਿਸਥਾਰਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ** 11-10-2019 **ਨੂੰ ਸਵੇਰੇ** 11:30 **ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 18 **ਸਤੰਬਰ,** 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)। -------ਉੱਤਰਦਾਤਾ

**ਅਪੀਲ ਕੇਸ ਨੰ:68/2019**

**ਹਾਜ਼ਰ:-**

1) ਅਪੀਲਕਰਤਾ ਵਲੋਂ ਸ੍ਰੀ ਜੀ.ਐਸ.ਕਾਹਲੋਂ ਐਡਵੋਕੇਟ ।(97795-08115)
2) ਉੱਤਰਦਾਤਾ ਵਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ ਮਿਤੀ 03-09-2019 ਤੇ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋ ਆਪਣੇ ਪੱਤਰ, ਮਿਤੀ 02-09-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਗਿਆ ਸੀ, ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਸਬ ਰਜਿਸਟਰਾਰ-ਕਮ-ਪੀ.ਆਈ.ਓ. ਲੁਧਿਆਣਾ ਨੂੰ ਭੇਜੀ ਜਾ ਚੁੱਕੀ ਹੈ ਕਿਉਂਕਿ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਉਨ੍ਹਾਂ ਵੱਲੋਂ ਮੁਹੱਈਆ ਕਰਵਾਉਣੀ ਬਣਦੀ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਵੱਲੋਂ ਆਪਣੇ ਪੱਤਰ ਨੰ:347/ਐਸ.ਆਰ., ਮਿਤੀ 02-09-2019, ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਕੀਤਾ ਗਿਆ ਸੀ, ਰਾਹੀ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:3/ਐਸ.ਆਰ., ਮਿਤੀ 04-01-2019 ਰਾਹੀਂ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ।ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਰੀਡਰ/ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ) ਵੱਲੋਂ ਪੇਸ਼ ਕੀਤਾ ਗਿਆ ਜਵਾਬ ਸਹੀ ਪਾਉਂਦੇ ਹੋਏ ਉਸ ਨੂੰ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦਿੱਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 18-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ।

2. ਅੱਜ ਫਿਰ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਕਿ ਉਸਨੂੰ ਅੱਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:68/2019**

ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਦਫਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਵਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਕੋਈ ਸੂਚਨਾ ਭੇਜੀ ਗਈ ਹੈ, ਜਿਸਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ। ਇਸ ਉਤਰਦਾਤਾ (ਲੋਕ ਸੂਚਨਾ ਅਧਿਕਾਰੀ ) ਦਫਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਵਾਉਣ ਅਤੇ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਪੱਧਰ ਤੇ ਹਾਜ਼ਰ ਹੋ ਕੇ ਆਪਣਾ ਵਿਸਥਾਰਪੂਰਵਕ ਜਵਾਬ ਪੇਸ਼ ਕੀਤਾ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਲਈ ਮਿਤੀ 11-10-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੇ।;ਰ

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 18 ਸਤੰਬਰ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸਬ ਰਜਿਸਟਰਾਰ ਲੁਧਿਆਣਾ (ਪੂਰਬੀ)।